# ਸਕੂਲਾਂ ਦਾ ਬੁਨਿਆਦੀ ਢਾਂਚਾ ਮਜ਼ਬੂਤ ਕਰਨ ਲਈ ਗੰਭੀਰ ਯਤਨ ਕੀਤੇ ਜਾ ਰਹੇ ਹਨ-ਡਿਪਟੀ ਕਮਿਸ਼ਨਰ





ਮੋਗਾ: ਪੰਜਾਬ ਸਰਕਾਰ ਵੱਲੋਂ ਰਾਜ ਦੇ ਸਕੂਲਾਂ 'ਚ ਵਿਦਿਆਰਥੀਆਂ ਦੀ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਅਤੇ ਸਕੂਲਾਂ ਦਾ ਬੁਨਿਆਦੀ ਢਾਂਚਾ ਮਜ਼ਬੂਤ ਕਰਨ ਲਈ ਗੰਭੀਰ ਯਤਨ ਕੀਤੇ ਜਾ ਰਹੇ ਹਨ ਤੇ ਸਮੇਂ-ਸਮੇਂ ਸਿਰ ਸਕੂਲਾਂ ਨੂੰ ਲੋੜੀਂਦੇ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ. ਕੁਲਦੀਪ ਸਿੰਘ ਵੈਦ ਨੇ ਦੱਸਿਆ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ 'ਚ ਪੜ ਰਹੇ ਗਰੀਬ ਵਰਗ ਦੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ, ਬਿਹਤਰ ਇਮਾਰਤਾਂ, ਫ਼ਰਨੀਚਰ, ਵਜ਼ੀਫ਼ੇ ਅਤੇ ਹੋਰ ਕਈ ਤਰਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ । ਉਨਾਂ ਦੱਸਿਆ ਕਿ ਸੂਬੇ ਅੰਦਰ ਪ੍ਰਾਇਮਰੀ ਤੋਂ ਮਿਡਲ, ਮਿਡਲ ਤੋਂ ਹਾਈ ਅਤੇ ਹਾਈ ਤੋਂ ਹਾਇਰ ਸੈਕੰਡਰੀ ਤੱਕ ਸਕੂਲ ਅਪਗ੍ਰੇਡ ਕੀਤੇ ਜਾ ਰਹੇ ਹਨ। ਉਨਾਂ ਦੱਸਿਆ ਕਿ ਇਸੇ ਲੜੀ ਤਹਿਤ ਜ਼ਿਲੇ ਦੇ ਪਿੰਡ ਕੋਟ ਸਦਰ ਖਾਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਨੂੰ ਮਿਡਲ ਸਕੂਲ ਅਪਗ੍ਰੇਡ ਕੀਤਾ ਗਿਆ ਹੈ ਅਤੇ 22 ਲੱਖ ਰੁਪਏ ਦੀ ਲਾਗਤ ਨਾਲ ਇਸ ਸਕੂਲ ਦੀ ਇੱਕ ਆਲੀਸ਼ਾਨ ਇਮਾਰਤ ਤਿਆਰ ਕੀਤੀ ਗਈ ਹੈ । ਉਨਾਂ ਦੱਸਿਆ ਕਿ ਜ਼ਿਲੇ ਦੇ ਹਲਕਾ ਧਰਮਕੋਟ 'ਚ ਪੈਂਦੇ ਇਸ ਸਕੂਲ ਦੇ ਅਪਗ੍ਰੇਡ ਹੋਣ ਨਾਲ ਇਸ ਪਿੰਡ ਅਤੇ ਆਸ-ਪਾਸ ਦੇ ਪਿੰਡਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਹਾਸਲ ਕਰਨ ਦਾ ਮੌਕਾ ਮਿਲੇਗਾ। ਇੱਥੇ ਇਹ ਜ਼ਿਕਰਯੋਗ ਹੈ ਇਸ ਸਕੂਲ ਦੀ ਇਮਾਰਤ ਤਿਆਰ ਕਰਵਾਉਣ 'ਚ ਜ਼ਿਲਾ ਸਿੱਖਿਆ ਦਫ਼ਤਰ ਦੇ ਐਸ. ਡੀ. ਓ ਮਨਦੀਪ ਸਿੰਘ ਵੱਲੋਂ ਭਰਪੂਰ ਸਹਿਯੋਗ ਦਿੱਤਾ ਗਿਆ।

ਸ. ਕੁਲਦੀਪ ਸਿੰਘ ਵੈਦ ਨੇ ਅੱਗੇ ਦੱਸਿਆ ਕਿ ਸਾਲ 2014-15 ਅਤੇ ਸਾਲ 2015-16 ਲਈ ਜ਼ਿਲੇ ਦੇ ਵੱਖ-ਵੱਖ ਸਕੂਲਾਂ 'ਚ ਕਮਰਿਆਂ ਦੀ ਉਸਾਰੀ ਲਈ ਕੁੱਲ 3 ਕਰੋੜ 83 ਲੱਖ, 87 ਹਜ਼ਾਰ 800 ਰੁਪਏ ਪ੍ਰਾਪਤ ਹੋ ਚੁੱਕੇ ਹਨ, ਜੋ ਕਿ ਸਬੰਧਤ ਸਕੂਲਾਂ ਨੂੰ ਸ਼ਿਫ਼ਟ ਕਰ ਦਿੱਤੇ ਗਏ ਹਨ। ਉਨਾਂ ਦੱਸਿਆ ਕਿ ਇਸ ਰਾਸ਼ੀ ਨਾਲ ਸਕੂਲਾਂ ਦੀਆਂ ਇਮਾਰਤਾਂ ਦੀ ਉਸਾਰੀ ਤੇ ਨਵੀਨੀਕਰਨ ਦਾ ਕੰਮ ਚੱਲ ਰਿਹਾ ਹੈ, ਜਿੰਨਾਂ ਦੇ ਮੁਕੰਮਲ ਹੋਣ ਨਾਲ ਜਿੱਥੇ ਵਿਦਿਆਰਥੀਆਂ ਨੂੰ ਸਕੂਲਾਂ 'ਚ ਬਿਹਤਰ ਸਹੂਲਤਾਂ ਮਿਲਣਗੀਆਂ, ਉੱਥੇ ਚੰਗਾ ਵਿਦਿਅਕ ਮਾਹੌਲ ਪੈਦਾ ਹੋਣ ਨਾਲ ਸਿੱਖਿਆ ਦੇ ਪੱਧਰ 'ਚ ਵੀ ਸੁਧਾਰ ਆਵੇਗਾ।

# ਮੋਗਾ ਤੋਂ ਗਏ ਸ਼ਰਧਾਲੂਆਂ ਨੇ ਰੇਲ ਗੱਡੀ 'ਚ ਕੀਤੀ ਭਜਨ ਬੰਦਗੀ



ਮੋਗਾ / 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ' ਸਕੀਮ ਤਹਿਤ ਯਾਤਰਾ 'ਤੇ ਗਏ ਮੋਗਾ ਜ਼ਿਲੇ ਦੇ ਹਲਕਾ ਧਰਮਕੋਟ ਦੇ ਸ਼ਰਧਾਲੂਆਂ ਨੇ ਰੇਲ ਗੱਡੀ 'ਚ ਭਜਨ ਬੰਦਗੀ ਕੀਤੀ ਅਤੇ ਬਹੁਤ ਸਾਰੇ ਸ਼ਰਧਾਲੂਆਂ ਨੇ ਮਾਲਾ ਫ਼ੇਰ ਕੇ ਪ੍ਰਮਾਤਮਾ ਦਾ ਨਾਮ ਸਿਮਰਨ ਕੀਤਾ। ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਦਾ ਤੋਹਫਾ ਦਿੱਤਾ ਗਿਆ ਹੈ ਅਤੇ ਪੰਜਾਬ ਸਰਕਾਰ ਦੀ ਇਸ ਸਕੀਮ ਦਾ ਲਾਭ ਪ੍ਰਾਪਤ ਕਰਦੇ ਹੋਏ ਜਿੱਥੇ ਸੂਬੇ ਦੇ ਵੱਖ-ਵੱਖ ਜਿਲੇਆਂ ਦੇ ਹਜ਼ਾਰਾਂ ਲੋਕ ਸ੍ਰੀ ਨਾਦੇੜ ਸਾਹਿਬ, ਵਾਰਾਨਸੀ, ਅਜਮੇਰ ਸ਼ਰੀਫ਼ ਆਦਿ ਧਾਰਮਿਕ ਸਥਾਨਾਂ ਦੇ ਦਰਸਨ ਕਰ ਚੁੱਕੇ ਹਨ, ਉਥੇ ਪੰਜਾਬ ਸਰਕਾਰ ਵੱਲੋਂ ਵੀਰਵਾਰ 11 ਫ਼ਰਵਰੀ ਨੂੰ ਮੋਗਾ ਤੋਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਦਰਸਨਾਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਲਈ ਰੇਲ ਗੱਡੀ ਰਵਾਨਾ ਕੀਤੀ ਗਈ।

ਪੰਜਾਬ ਸਰਕਾਰ ਵੱਲੋਂ ਚਲਾਈ ਗਈ ਇਹ ਵਿਸ਼ੇਸ ਰੇਲ ਗੱਡੀ ਦਿੱਲੀ ਤੋਂ ਹੁੰਦੇ ਹੋਏ 12 ਫ਼ਰਵਰੀ ਨੂੰ ਸਵੇਰੇ ਭੋਪਾਲ (ਮੱਧ ਪ੍ਰਦੇਸ਼) ਪਹੁੰਚੀ। ਇਸ ਰੇਲ ਵਿੱਚ ਯਾਤਰੀਆਂ ਦੀ ਹਰ ਸੁਖ-ਸੁਵਿਧਾ ਨੂੰ ਧਿਆਨ ਵਿੱਚ ਰੱਖਦੇ ਹੋਏ ਉਨਾਂ ਨੂੰ ਦੁਪਹਿਰ, ਰਾਤ ਅਤੇ ਸਵੇਰ ਵੇਲੇ ਵਧੀਆ ਭੋਜਨ ਦਿੱਤਾ ਗਿਆ। ਵਧੀਆ ਗੁਣਵੱਤਾ ਵਾਲਾ ਯਾਤਰੀਆਂ ਨੂੰ ਦਿੱਤਾ ਗਿਆ ਭੋਜਨ- ਇਸ ਗੱਡੀ 'ਚ ਸ਼ਰਧਾਲੂਆਂ ਨਾਲ ਸਫ਼ਰ ਕਰ ਰਹੇ ਖੇਤੀਬਾੜੀ ਮੰਤਰੀ ਜੱਥੇਦਾਰ ਤੋਤਾ ਸਿੰਘ ਦੇ ਨਿੱਜੀ ਸਹਾਇਕ ਰਜਿੰਦਰ ਸਿੰਘ ਡੱਲਾ ਨੇ ਦੱਸਿਆ ਕਿ ਇਸ ਰੇਲ ਗੱਡੀ ਦੇ ਸਾਰੇ ਯਾਤਰੀਆਂ ਲਈ ਗੁਣਵੱਤਾ ਭਰਪੂਰ ਖਾਣੇ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਦਾ ਯਾਤਰੀਆਂ ਨੇ ਭਰਪੂਰ ਆਨੰਦ ਮਾਣਿਆ। ਇਸ ਤੋਂ ਇਲਾਵਾ ਸਾਰੇ ਯਾਤਰੀਆਂ ਨੂੰ ਰਾਤ ਵੇਲੇ ਕੇਸਰ-ਯੁਕਤ ਦੁੱਧ ਵੀ ਦਿੱਤਾ ਗਿਆ। ਉਨਾਂ ਦੱਸਿਆ ਕਿ ਸਾਰੇ ਯਾਤਰੂ ਬਹੁਤ ਹੀ ਖੁਸ਼ ਨਜ਼ਰ ਆ ਰਹੇ ਹਨ।

ਪ੍ਰਭੂ ਦੇ ਰੰਗ ਵਿੱਚ ਰੰਗੀ ਰਹੀ ਰੇਲ ਗੱਡੀ- ਯਾਤਰਾ ਨਾਲ ਜਾ ਰਹੇ ਖੇਤੀਬਾੜੀ ਵਿਕਾਸ ਅਫ਼ਸਰ ਜਸਵਿੰਦਰ ਸਿੰਘ ਬਰਾੜ, ਚੇਅਰਮੈਨ ਜੋਗਿੰਦਰ ਸਿੰਘ ਅਤੇ ਹਰਦਿਆਲ ਸਿੰਘ ਨੇ ਦੱਸਿਆ ਕਿ ਧਾਰਮਿਕ ਯਾਤਰਾ ਲਈ ਸ੍ਰੀ ਹਜ਼ੂਰ ਸਾਹਿਬ ਗਈ ਰੇਲ ਗੱਡੀ ਰਸਤੇ ਵਿੱਚ ਵੀ ਪ੍ਰਭੂ ਦੇ ਰੰਗ ਵਿੱਚ ਹੀ ਰੰਗੀ ਰਹੀ। ਸਰਧਾਲੂਆਂ ਨੇ ਪ੍ਰਮਾਤਮਾ ਦੀ ਭਜਨ ਬੰਦਗੀ ਦਾ ਆਨੰਦ ਮਾਣਿਆ।

ਹਲਕਾ ਧਰਮਕੋਟ ਦੇ ਪਿੰਡ ਖੰਬਾ ਦੀ 60 ਸਾਲਾ ਵਿੱਦਿਆ ਦੇਵੀ ਦੇ ਦੱਸਿਆ ਕਿ ਉਹ ਪਹਿਲੀ ਵਾਰ ਸ੍ਰੀ ਹਜ਼ੂਰ ਸਾਹਿਬ ਦੇ ਦਰਸ਼ਨਾਂ ਲਈ ਜਾ ਰਹੀ ਹੈ ਉਸ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਉਚੇਚੇ ਉਪਰਾਲੇ ਸਦਕਾ ਹੀ ਇਹ ਸੰਭਵ ਹੋਇਆ ਹੈ, ਜਿਸ ਸਦਕਾ ਉਹ ਮੁੱਖ ਮੰਤਰੀ ਪੰਜਾਬ ਸ. ਪਰਕਾਸ਼ ਸਿੰਘ ਬਾਦਲ ਦਾ ਧੰਨਵਾਦ ਕਰਦੀ ਨਹੀਂ ਥੱਕਦੀ। ਇਸੇ ਤਰਾਂ ਪਿੰਡ ਮੰਦਰ ਦੇ ਬਲਵੰਤ ਸਿੰਘ ਵੀ ਪਹਿਲੀ ਵਾਰ ਹੀ ਦਰਸ਼ਨਾਂ ਲਈ ਜਾ ਰਹੇ ਹਨ ਅਤੇ ਉਨਾਂ 'ਚ ਵੀ ਇਸ ਯਾਤਰਾ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

# ਸ੍ਰੀ ਰਾਮਪਾਲ ਸੇਵਾ-ਮੁਕਤੀ 'ਤੇ ਜ਼ਿਲਾ ਲੋਕ ਸੰਪਰਕ ਅਫ਼ਸਰ ਤੇ ਸਮੂਹ ਸਟਾਫ਼ ਵੱਲੋਂ ਨਿੱਘੀ ਵਿਦਾਇਗੀ



ਮੋਗਾ / ਮਵਦੀਲਾ ਬਿਓਰੋ: ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਜ਼ਿਲਾ ਲੋਕ ਸੰਪਰਕ ਦਫ਼ਤਰ ਵਿਖੇ ਲੰਮਾ ਸਮਾਂ ਬਤੌਰ ਸੇਵਾਦਾਰ ਸੇਵਾ ਨਿਭਾਉਣ ਉਪਰੰਤ ਸ੍ਰੀ ਰਾਮਪਾਲ 31 ਜਨਵਰੀ, 2016 ਨੂੰ ਸੇਵਾ-ਮੁਕਤ ਹੋ ਗਏ ਹਨ। ਉਨਾਂ ਦੀ ਸੇਵਾ-ਮੁਕਤੀ 'ਤੇ ਜ਼ਿਲਾ ਲੋਕ ਸੰਪਰਕ ਅਫ਼ਸਰ, ਮੋਗਾ ਤੇ ਸਮੂਹ ਸਟਾਫ਼ ਵੱਲੋਂ ਉਨਾਂ ਨੂੰ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ ਅਤੇ ਯਾਦਗਾਰੀ ਨਿਸ਼ਾਨੀ ਵੀ ਭੇਂਟ ਕੀਤਾ ਗਿਆ। ਸ੍ਰੀ ਰਾਮਪਾਲ ਨੇ ਵਿਭਾਗ ਵਿੱਚ ਲਗਭੱਗ 26 ਸਾਲ ਸੇਵਾ ਕੀਤੀ। ਇਸ ਮੌਕੇ ਜ਼ਿਲਾ ਲੋਕ ਸੰਪਰਕ ਅਫ਼ਸਰ ਮੋਗਾ ਸ. ਤੇਜਾ ਸਿੰਘ ਨੇ ਬੋਲਦਿਆਂ ਕਿਹਾ ਕਿ ਸ੍ਰੀ ਰਾਮਪਾਲ ਬਹੁਤ ਹੀ ਮਿਹਨਤੀ ਅਤੇ ਨੇਕ ਕ੍ਰਮਚਾਰੀ ਸਨ ਅਤੇ ਉਨਾਂ ਨੇ ਆਪਣੀ ਸਮੁੱਚੀ ਸੇਵਾ ਬੇਦਾਗ ਰਹਿ ਕੇ ਨਿਭਾਈ। ਇਸ ਕ੍ਰਮਚਾਰੀ ਨੇ ਵਿਭਾਗ ਵਿੱਚ ਆਪਣੀ ਸੇਵਾ ਮਿਤੀ 17 ਅਗਸਤ, 1990 ਤੋਂ ਸ਼ੁਰੂ ਕੀਤੀ ਅਤੇ 31 ਜਨਵਰੀ, 2016 ਨੂੰ ਸੇਵਾ-ਮੁਕਤ ਹੋਏ। ਇਸ ਕ੍ਰਮਚਾਰੀ ਨੇ ਵਿਭਾਗ ਵੱਲੋਂ ਸੌਂਪੀ ਹਰ ਜ਼ਿੰਮੇਵਾਰੀ ਨੂੰ ਖਿੜੇ ਮੱਥੇ ਨਿਭਾਇਆ। ਉਨਾਂ ਕ੍ਰਮਚਾਰੀ ਦੀ ਲੰਬੀ ਉਮਰ ਦੀ ਕਾਮਨਾ ਕਰਦੇ ਹੋਏ ਕ੍ਰਮਚਾਰੀ ਦੇ ਬਣਦੇ ਸਾਰੇ ਬਕਾਏ ਵਿਭਾਗ ਪਾਸੋਂ ਜਲਦੀ ਦਿਵਾਉਣ ਦਾ ਵਿਸ਼ਵਾਸ਼ ਵੀ ਦਿਵਾਇਆ।

# ਪੰਚਾਇਤਾਂ ਨੂੰ ਨਸ਼ੇ ਦੇ ਖਾਤਮੇ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਨਸ਼ਿਆਂ ਦੀ ਵਿਕਰੀ ਕਰਨ ਵਾਲਿਆਂ ਦਾ ਪੂਰਨ ਤੌਰ 'ਤੇ ਬਾਈਕਾਟ ਕਰਨਾ ਚਾਹੀਦਾ ਹੈ -ਜੱਥੇਦਾਰ ਤੋਤਾ ਸਿੰਘ

ਮੋਗਾ / ਭਵਨਦੀਪ ਸਿੰਘ ਪੁਰਬਾ

ਖੇਡਾਂ ਮਨੁੱਖੀ ਜੀਵਨ ਵਿੱਚ ਅਹਿਮ ਸਥਾਨ ਰੱਖਦੀਆਂ ਹਨ ਅਤੇ ਖੇਡਾਂ ਨਾਲ ਵਿਅਕਤੀ ਵਿੱਚ ਸਖਤ ਮਿਹਨਤ, ਮੁਕਾਬਲੇ ਦੀ ਭਾਵਨਾ, ਸਹਿਣਸ਼ੀਲਤਾ ਤੇ ਅਨੁਸ਼ਾਸਨ ਦੀ ਭਾਵਨਾ ਪੈਦਾ ਹੁੰਦੀ ਹੈ।

ਇਨਾਂ ਵਿਚਾਰਾਂ ਦਾ ਪ੍ਰਗਟਾਵਾ ਖੇਤੀਬਾੜੀ ਮੰਤਰੀ ਪੰਜਾਬ ਜੱਥੇਦਾਰ ਤੋਤਾ ਸਿੰਘ ਨੇ ਅੱਜ ਪਿੰਡ ਤਲਵੰਡੀ ਭੰਗੇਰੀਆਂ ਵਿਖੇ ਪੰਜਾਬ ਸਰਕਾਰ ਵੱਲੋਂ ਸੂਬੇ ਭਰ 'ਚ ਖੇਡਾਂ ਨੂੰ ਪਿੰਡ ਪੱਧਰ 'ਤੇ ਪ੍ਰਫੁੱਲਤ ਕਰਨ ਲਈ ਪੇਂਡੂ ਔਰਤਾਂ/ਮਰਦਾਂ ਅਤੇ ਪੰਚਾਇਤੀ ਰਾਜ ਸੰਸਥਾਵਾਂ ਦੇ ਮੈਂਬਰਾਂ ਲਈ ਕਰਵਾਈਆਂ ਜਾ ਰਹੀਆਂ ਬਲਾਕ ਪੱਧਰੀ ਖੇਡ ਮੁਕਾਬਲਿਆਂ ਦੇ ਇਨਾਮ ਵੰਡ ਸਮਾਰੋਹ ਦੀ ਪ੍ਰਧਾਨਗੀ ਕਰਦਿਆਂ ਕੀਤਾ। ਇਸ ਮੌਕੇ ਉਨਾਂ ਖਿਡਾਰੀਆਂ ਨਾਲ ਜਾਣ-ਪਛਾਣ ਕੀਤੀ ਅਤੇ ਇਨਾਮਾਂ ਦੀ ਵੰਡ ਵੀ ਕੀਤੀ।

ਜੱਥੇਦਾਰ ਤੋਤਾ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਪੰਜਾਬ ਦੀਆਂ ਵਿਰਾਸਤੀ ਖੇਡਾਂ ਨੂੰ ਜੀਵਤ ਰੱਖਣ ਲਈ ਹਰ ਸਾਲ ਕਰੋੜਾਂ ਰੁਪਏ ਖਰਚ ਕਰਕੇ ਵੱਖ-ਵੱਖ ਖੇਡਾਂ ਦੇ ਟੂਰਨਾਮੈਂਟ ਕਰਵਾਏ ਜਾਂਦੇ ਹਨ। ਇਸ ਵਾਰ ਵੀ ਪੰਜਾਬ ਸਰਕਾਰ ਵੱਲੋਂ ਹਰ ਜ਼ਿਲੇ ਅੰਦਰ ਬਲਾਕ ਪੱਧਰੀ ਟੂਰਨਾਮੈਂਟ ਕਰਵਾਏ ਜਾ ਰਹੇ ਹਨ ਅਤੇ ਇਸੇ ਹੀ ਲੜੀ ਤਹਿਤ ਜ਼ਿਲੇ ਦੇ ਬਲਾਕ ਮੋਗਾ-1 ਦੇ ਪਿੰਡ ਤਲਵੰਡੀ ਭੰਗੇਰੀਆਂ ਵਿਖੇ ਵੀ ਬਲਾਕ ਪੱਧਰੀ ਟੂਰਨਾਮੈਂਟ ਕਰਵਾਇਆ ਗਿਆ ਹੈ।



ਉਨਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਖੇਡਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਪੰਚਾਇਤਾਂ ਨੂੰ ਨਸ਼ੇ ਦੇ ਖਾਤਮੇ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਨਸ਼ਿਆਂ ਦੀ ਵਿਕਰੀ ਕਰਨ ਵਾਲਿਆਂ ਦਾ ਪੂਰਣ ਤੌਰ 'ਤੇ ਬਾਈਕਾਟ ਕਰਨਾ ਚਾਹੀਦਾ ਹੈ। ਉਨਾਂ ਕਿਹਾ ਕਿ ਖੇਡਾਂ ਵਿਅਕਤੀ ਦੀ ਸਖ਼ਸ਼ੀਅਤ ਦੇ ਬਹੁ - ਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਪੰਜਾਬ ਸਰਕਾਰ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਵਿਸ਼ੇਸ ਉਪਰਾਲੇ ਕਰ ਰਹੀ ਹੈ। ਉਨਾਂ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਅਜਿਹਾ ਸੂਬਾ ਹੈ ਜਿਸ ਦੀ ਆਪਣੀ ਖੇਡ ਨੀਤੀ ਹੈ, ਜਿਸ ਅਧੀਨ ਅੰਤਰ ਰਾਸ਼ਟਰੀ ਪੱਧਰ 'ਤੇ ਮੱਲਾਂ ਮਾਰਨ ਵਾਲੇ ਖਿਡਾਰੀਆਂ ਨੂੰ ਸਰਕਾਰੀ ਨੌਕਰੀਆਂ ਵਿੱਚ ਰਾਖਵਾਂਕਰਨ ਦਿੱਤਾ ਜਾ ਰਿਹਾ ਹੈ।

ਇਸ ਟੂਰਨਾਮੈਂਟ ਦੌਰਾਨ ਕਬੱਡੀ ਲੜਕੀਆਂ ਲੈਂਡਮਾਰਕ ਕਲੱਬ ਮਹਿਣਾ ਨੇ ਪਹਿਲਾ ਸਥਾਨ ਹਾਸਲ ਕੀਤਾ। 400 ਮੀਟਰ ਦੌੜ 'ਚ ਜਗਮੀਤ ਸਿੰਘ ਤਖਾਣਬੱਧ ਨੇ ਪਹਿਲਾ ਤੇ ਹਰਭਜਨ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਪੰਚਾਇਤ ਮੈਂਬਰਾਂ ਦੀ 100 ਮੀਟਰ ਦੌੜ 'ਚ ਗੁਰਪਿੰਦਰ ਸਿੰਘ ਨੇ ਪਹਿਲਾ ਤੇ ਰਣਜੀਤ ਸਿੰਘ ਬਹੋਨਾ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲਾ ਪੰਚਾਇਤ ਅਫ਼ਸਰ ਛਤਰਪਾਲ ਸਿੰਘ ਬਰਾੜ, ਦਵਿੰਦਰਪਾਲ ਸਿੰਘ, ਜਸਰਾਜ ਸਿੰਘ ਸਰਪੰਚ, ਜਸਵੰਤ ਸਿੰਘ ਪੰਚਾਇਤ ਅਫ਼ਸਰ, ਰਾਜਵੀਰ ਦਾਸ, ਜੋਗਿੰਦਰ ਸਿੰਘ, ਸੁਖਬੀਰ ਸਿੰਘ ਡਾਲਾ, ਅਮਰਿੰਦਰ ਸਿੰਘ ਪੰਚ, ਅਮਰ ਸਿੰਘ, ਸੁਖਦੇਵ ਸਿੰਘ, ਬੂਟਾ ਸਿੰਘ ਗੁਰਚਰਨ ਸਿੰਘ ਨੰਬਰਦਾਰ, ਅਤੇ ਸਰਪੰਚ ਕੁਲਦੀਪ ਸਿੰਘ ਆਦਿ ਹਾਜ਼ਰ ਸਨ।